# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ:02-04-2024**

ਵਿਦੇਸ਼ ਮੰਤਰੀ ਡਾਕਟਰ ਐਸ. ਜੈ. ਸ਼ੰਕਰ ਨੇ ਕਿਹਾ ਏ, ਕਿ ਸਰਹੱਦ 'ਤੇ ਤਣਾਅ ਦੀ ਸਥਿਤੀ 'ਚ ਪਾਕਿਸਤਾਨ ਨਾਲ ਵਪਾਰ ਦੀ ਕੋਈ ਸੰਭਾਵਨਾ ਨਹੀਂ ਏ। ਕੱਲ੍ਹ ਸੂਰਤ ਵਿੱਚ ਦੱਖਣੀ ਗੁਜਰਾਤ ਚੈਂਬਰ ਆਫ਼ ਕਾਮਰਸ ਐਂਡ ਇੰਡਸਟਰੀ ਦੇ ਸਮਾਗਮ ਵਿੱਚ ਡਾ: ਜੈਸ਼ੰਕਰ ਨੇ ਕਿਹਾ ਕਿ ਅੱਤਵਾਦ ਨੂੰ ਕਿਸੇ ਵੀ ਰੂਪ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਅਰੁਣਾਚਲ ਪ੍ਰਦੇਸ਼ 'ਤੇ ਚੀਨ ਦੇ ਦਾਅਵੇ ਨੂੰ ਰੱਦ ਕਰਦਿਆਂ, ਵਿਦੇਸ਼ ਮੰਤਰੀ ਨੇ ਕਿਹਾ ਕਿ ਅਰੁਣਾਚਲ ਪ੍ਰਦੇਸ਼ ਭਾਰਤ ਦਾ ਅਨਿੱਖੜਵਾਂ ਅੰਗ ਏ ਅਤੇ ਹਮੇਸ਼ਾ ਰਹੇਗਾ। ਨਾਂ ਬਦਲਣ ਨਾਲ ਤੱਥ ਨਹੀਂ ਬਦਲਦੇ। ਡਾਕਟਰ ਜੈ ਸ਼ੰਕਰ ਨੇ ਕਿਹਾ ਕਿ ਆਰਥਿਕ ਮੋਰਚੇ 'ਤੇ ਚੀਨ ਨੂੰ ਹਰਾਉਣ ਲਈ, ਭਾਰਤ ਨੂੰ ਨਿਰਮਾਣ 'ਤੇ ਧਿਆਨ ਦੇਣਾ ਹੋਵੇਗਾ।

-----------------------------------------------------------

ਭਾਰਤੀ ਚੋਣ ਕਮਿਸ਼ਨ ਦੇ ਪੰਜ ਮੈਂਬਰੀ ਵਫ਼ਦ ਨੇ ਉਪ ਚੋਣ ਕਮਿਸ਼ਨਰ ਹਿਰਦੇਸ਼ ਕੁਮਾਰ ਦੀ ਅਗਵਾਈ ਹੇਠ, ਪੰਜਾਬ ਵਿੱਚ ਲੋਕ ਸਭਾ ਚੋਣਾਂ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ, ਕੱਲ ਚੰਡੀਗੜ੍ਹ ਵਿੱਚ ਪ੍ਰਸ਼ਾਸਨਿਕ ਤੇ ਪੁਲਿਸ ਦੇ ਉੱਚ ਅਧਿਕਾਰੀਆਂ ਨਾਲ ਇੱਕ ਮੀਟਿੰਗ ਕੀਤੀ । ਮੀਟਿੰਗ ਦੀ ਪ੍ਰਧਾਨਗੀ ਪੰਜਾਬ ਦੇ ਮੁੱਖ ਸਕੱਤਰ ਅਨੁਰਾਗ ਵਰਮਾ ਨੇ ਕੀਤੀ । ਮੁੱਖ ਸਕੱਤਰ ਅਨੁਰਾਗ ਵਰਮਾ ਅਤੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ. ਨੇ ਵਚਨਬੱਧਤਾ ਦੁਹਰਾਈ ਕਿ ਸੂਬੇ ਵਿੱਚ ਆਜ਼ਾਦ ਅਤੇ ਨਿਰਪੱਖ ਚੋਣਾਂ ਕਰਵਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਸਾਰੇ 24 ਹਜ਼ਾਰ 433 ਪੋਲਿੰਗ ਸਟੇਸ਼ਨਾਂ ਵਿੱਚ ਵ੍ਹੀਲਚੇਅਰ ਰੈਂਪ, ਪੀਣ ਵਾਲਾ ਪਾਣੀ, ਬਿਜਲੀ, ਰੋਸ਼ਨੀ, ਪਖਾਨੇ, ਫਰਨੀਚਰ, ਦਿਸ਼ਾ ਸੂਚਕ, ਵੇਟਿੰਗ ਸ਼ੈੱਡ ਅਤੇ ਹੋਰ ਜਰੂਰੀ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ, ਤਾਂ ਜੋ ਚੋਣਾਂ ਵਿੱਚ ਵੋਟਰਾਂ ਨੂੰ ਕਿਸੇ ਵੀ ਕਿਸਮ ਦੀ ਪਰੇਸ਼ਾਨੀ ਦੀ ਸਾਹਮਣਾ ਨਾ ਕਰਨਾ ਪਵੇ । ਸਿਬਿਨ ਸੀ ਨੇ ਟੀਮ ਨੂੰ ਅੱਗੇ

ਦੱਸਿਆ ਕਿ ਸਾਰੇ ਪੋਲਿੰਗ ਸਟੇਸ਼ਨਾਂ ਵਿੱਚ ਵੈਬਕਾਸਟਿੰਗ ਲਈ ਇੰਟਰਨੈਟ ਦੀ ਸਹੂਲਤ ਹੋਵੇਗੀ। ਇਸ ਤੋਂ ਇਲਾਵਾ ਇਹ ਵੀ ਯਕੀਨੀ ਬਣਾਇਆ ਗਿਆ ਏ, ਕਿ ਚੋਣ ਸਟਾਫ਼ ਨੂੰ ਠਹਿਰਣ ਲਈ ਸਾਰੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾਣ। ਡੀ.ਜੀ.ਪੀ ਗੌਰਵ ਯਾਦਵ ਨੇ ਦੱਸਿਆ ਕਿ ਸਾਰੇ ਐਸ.ਐਸ.ਪੀ ਆਪਣੀਆਂ ਅੰਤਰ-ਰਾਜੀ ਅਤੇ ਅੰਤਰ-ਰਾਸ਼ਟਰੀ ਸਰਹੱਦਾਂ ਦੀ ਨਿਗਰਾਨੀ ਪੂਰੀ ਚੌਕਸੀ ਨਾਲ ਕਰ ਰਹੇ ਨੇ ਅਤੇ ਸੂਬੇ ਭਰ ਵਿੱਚ ਉੱਚ ਤਕਨੀਕੀ ਨਾਕੇ ਲਗਾਏ ਗਏ ਨੇ। ਉਨ੍ਹਾਂ ਕਿਹਾ ਕਿ ਸਰਹੱਦ ਪਾਰੋਂ ਹੋਣ ਵਾਲੀ ਕਿਸੇ ਵੀ ਤਸਕਰੀ ਤੇ ਘੁਸਪੈਠ ਨੂੰ ਰੋਕਣ ਲਈ ਅੰਤਰ-ਰਾਸ਼ਟਰੀ ਸਰਹੱਦਾਂ 'ਤੇ ਪੁਲਿਸ ਅਧਿਕਾਰੀਆਂ ਦਾ ਬੀ.ਐਸ.ਐਫ ਨਾਲ ਨਜ਼ਦੀਕੀ ਤਾਲਮੇਲ ਏ। ਚੋਣ ਕਮਿਸ਼ਨ ਦੀ ਟੀਮ ਨੇ ਸਮੂਹ ਅਧਿਕਾਰੀਆਂ ਨੂੰ ਕਿਹਾ ਕਿ ਉਹ, ਆਪਣੀ ਡਿਊਟੀ ਨਿਡਰਤਾ ਅਤੇ ਤਨਦੇਹੀ ਨਾਲ ਨਿਭਾਉਣ, ਤਾਂ ਜੋ ਭਾਰਤੀ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਨੂੰ ਹੂਬਹੂ ਲਾਗੂ ਕੀਤਾ ਜਾ ਸਕੇ।

---------------------------------------------------------------

ਲੋਕ ਸਭਾ ਚੋਣਾਂ-2024 ਤੋਂ ਪਹਿਲਾਂ ਆਮ ਲੋਕਾਂ ਵਿੱਚ ਸੁਰੱਖਿਆ ਦੀ

ਭਾਵਨਾ ਪੈਦਾ ਕਰਨ ਲਈ, ਪੰਜਾਬ ਪੁਲਿਸ ਨੇ ਕਲ ਕੇਂਦਰੀ ਹਥਿਆਰਬੰਦ ਪੁਲਿਸ ਬਲਾਂ ਸੀ.ਏ.ਪੀ.ਐਫ. ਦੀਆਂ ਟੀਮਾਂ ਨਾਲ ਸੂਬੇ ਭਰ ਦੇ ਸਾਰੇ ਸੰਵੇਦਨਸ਼ੀਲ ਸਥਾਨਾਂ 'ਤੇ ਫਲੈਗ ਮਾਰਚ ਕੀਤਾ। ਕਾਨੂੰਨ ਤੇ ਵਿਵਸਥਾ ਬਾਰੇ ਵਿਸ਼ੇਸ਼ DGP ਅਰਪਿਤ ਸ਼ੁਕਲਾ ਨੇ ਦੱਸਿਆ ਕਿ ਡੀ.ਜੀ.ਪੀ ਗੌਰਵ ਯਾਦਵ ਦੇ ਦਿਸ਼ਾ-ਨਿਰਦੇਸ਼ਾਂ ਤੇ CPs / SSPs ਦੀ ਅਗਵਾਈ ਵਿੱਚ ਪੁਲਿਸ ਟੀਮਾਂ ਨੇ ਸਾਰੇ 28 ਪੁਲਿਸ ਜ਼ਿਲ੍ਹਿਆਂ ਵਿੱਚ ਇਕੋ ਸਮੇਂ ਤੇ ਫਲੈਗ ਮਾਰਚ ਕੱਢਿਆ। ਉਨ੍ਹਾਂ ਕਿਹਾ ਕਿ ਇਸ ਦਾ ਉਦੇਸ਼ ਕਿਸੇ ਵੀ ਅਣਸੁਖਾਵੀਂ ਸਥਿਤੀ ਨਾਲ ਨਜਿੱਠਣ ਲਈ, ਪੁਲਿਸ ਮੁਲਾਜ਼ਮਾਂ ਨੂੰ ਤਿਆਰ ਕਰਨ ਦੇ ਨਾਲ-ਨਾਲ ਆਮ ਲੋਕਾਂ ਵਿੱਚ ਵਿਸ਼ਵਾਸ ਦੀ ਭਾਵਨਾ ਨੂੰ ਵਧਾਉਣਾ ਰਿਹਾ। ਉਨਾਂ ਦੱਸਿਆ ਕਿ ਆਦਰਸ਼ ਚੋਣ ਜ਼ਾਬਤਾ ਲਾਗੂ ਹੋਣ ਤੋਂ ਬਾਅਦ ਭਗੌੜੇ ਅਪਰਾਧੀਆਂ ਵਿਰੁੱਧ ਚੱਲ ਰਹੀ ਵਿਸ਼ੇਸ਼ ਮੁਹਿੰਮ ਦੌਰਾਨ ਪੁਲਿਸ ਨੇ 416 ਭਗੌੜਿਆਂ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਏ।

-----------------------------------------------------

ਭਾਰਤੀ ਜਨਤਾ ਪਾਰਟੀ ਪੰਜਾਬ ਦੇ ਸੂਬਾ ਜਨਰਲ ਸਕੱਤਰ, ਅਨਿਲ

ਸਰੀਨ ਨੇ ਕਿਹਾ ਏ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕਹਿੰਦੇ ਨੇ 'ਭ੍ਰਿਸ਼ਟਾਚਾਰ ਹਟਾਓ' ਪਰ ਇੰਡੀ ਦੇ ਆਗੂ ਕਹਿੰਦੇ ਨੇ 'ਭ੍ਰਿਸ਼ਟਾਚਾਰੀਆਂ ਨੂੰ ਬਚਾਓ'। ਫ਼ਰੀਦਕੋਟ BJP ਦੇ ਜ਼ਿਲ੍ਹਾ ਪ੍ਰਧਾਨ ਗੌਰਵ ਕੱਕੜ ਨਾਲ ਕਲ ਇਕ ਪ੍ਰੈਸ ਕਾਨਫਰੰਸ ਦੌਰਾਨ ਉਨਾਂ ਕਿਹਾ ਕਿ ਇੰਡੀ ਗੱਠਜੋੜ ਦੀਆਂ ਪਾਰਟੀਆਂ ਦੇ ਆਗੂਆਂ ਵਲੋਂ, ਦਿੱਲੀ ਦੇ ਰਾਮਲੀਲਾ ਮੈਦਾਨ ਵਿੱਚ ਭ੍ਰਿਸ਼ਟਾਚਾਰ ਦੇ ਭਾਈਚਾਰੇ ਦੇ ਪ੍ਰਤੱਖ ਸਬੂਤ ਸਭ ਨੇ ਦੇਖੇ ਨੇ। ਉਨਾਂ ਕਿਹਾ ਕਿ ਅਸੀਂ ਸਾਰਿਆਂ ਨੇ ਵੇਖਿਆ ਕਿ ਕਿਵੇਂ ਇਹ ਭ੍ਰਿਸ਼ਟ ਲੋਕ, ਆਪਣੇ ਹੰਕਾਰ 'ਚ ਚਕਨਾਚੂਰ ਹੋ ਕੇ ਆਪਣੇ ਭ੍ਰਿਸ਼ਟਾਚਾਰ ਨੂੰ ਜਾਇਜ਼ ਠਹਿਰਾ ਰਹੇ ਸਨ।

-----------------------------------------------------

ਰਾਸ਼ਟਰ ਸੇਵਿਕਾ ਸਮਿਤੀ ਅਖਿਲ ਭਾਰਤੀ ਮਹਾ-ਵਿਦਿਆਲਿਆ ਤਰੁਣੀ ਦੇ ਮੁਖੀ ਵਿਜੇ ਸ਼ਰਮਾ ਨੇ ਕਿਹਾ ਏ ਕਿ ਨਾਰੀ ਸ਼ਕਤੀ ਨੇ ਹਰ ਹਾਲਾਤ ਵਿੱਚ ਆਪਣੀ ਅਹਿਮੀਅਤ ਨੂੰ ਸਾਬਤ ਕੀਤਾ ਏ ਅਤੇ ਅਜੋਕੇ ਸਮੇਂ ਵਿੱਚ ਔਰਤਾਂ ਦਾ ਸਸ਼ਕਤੀਕਰਨ, ਚਰਚਾ ਦਾ ਵਿਸ਼ਾ ਬਣ ਰਿਹਾ ਏ। ਲਘੂ ਉਦਯੋਗ ਭਾਰਤੀ ਮਹਿਲਾ ਸੈੱਲ ਵਲੋਂ ਮਹਿਲਾ ਸਸ਼ਕਤੀਕਰਨ ਵਿਸ਼ੇ 'ਤੇ

ਕਲ ਜਲੰਧਰ ਵਿਚ ਆਯੋਜਿਤ ਇਕ ਚਰਚਾ ਦੌਰਾਨ, ਉਨ੍ਹਾਂ ਕਿਹਾ ਕਿ ਭਾਰਤੀ ਸਭਿਆਚਾਰ ਵਿੱਚ ਔਰਤ ਨੂੰ ਸ਼ਕਤੀ ਦੇ ਰੂਪ ਵਿੱਚ ਸਤਿਕਾਰਿਆ ਗਿਆ ਏ ਅਤੇ ਮਾਨਸਿਕ ਤਾਕਤ, ਸੰਵੇਦਨਸ਼ੀਲਤਾ, ਸਹਿਣਸ਼ੀਲਤਾ, ਚੁੱਪ ਰਹਿਣ ਦੇ ਬਾਵਜੂਦ ਪਰਿਵਾਰ ਨੂੰ ਇਕੱਠੇ ਰੱਖਣ ਦੀ ਅਦਭੁਤ ਸਮਰੱਥਾ, ਇਹ ਸਾਰੇ ਗੁਣ ਔਰਤਾਂ ਵਿੱਚ ਹੀ ਪਾਏ ਜਾਂਦੇ ਨੇ। ਸੰਸਥਾ ਦੀ ਪੰਜਾਬ ਮਹਿਲਾ ਸੈੱਲ ਦੀ ਜਨਰਲ ਸਕੱਤਰ ਸੀਮਾ ਧੂਮਲ ਨੇ ਉਦਯੋਗਾਂ ਨੂੰ ਚਲਾਉਣ ਅਤੇ ਸਮਾਜਿਕ ਜ਼ਿੰਮੇਵਾਰੀਆਂ ਨਿਭਾਉਣ ਵਿੱਚ ਔਰਤਾਂ ਦੀ ਭੂਮਿਕਾ ਬਾਰੇ ਕਿਹਾ ਕਿ ਔਰਤਾਂ ਕਦੇ ਵੀ ਕਮਜ਼ੋਰ ਨਹੀਂ ਹੋਈਆਂ। ਸੰਸਥਾ ਦੇ ਆਲ ਇੰਡੀਆ ਮੀਤ ਪ੍ਰਧਾਨ, ਅਰਵਿੰਦ ਧੂਮਲ ਦੀ ਅਗਵਾਈ ਅਤੇ ਸੂਬਾ ਮੀਤ ਪ੍ਰਧਾਨ ਵਿਕਰਾਂਤ ਸ਼ਰਮਾ ਦੀ ਸ਼ਮੂਲੀਅਤ ਨਾਲ ਆਯੋਜਿਤ ਇਸ ਚਰਚਾ ਵਿੱਚ ਗੀਤਾ ਧੂਮਲ ਨੇ ਸਾਂਝੇ ਪਰਿਵਾਰ ਬਾਰੇ ਆਪਣੇ ਵਿਚਾਰ ਰੱਖੇ ਅਤੇ ਇਸ ਨੂੰ ਸਮੇਂ ਦੀ ਜਰੂਰਤ ਦੱਸਿਆ।